# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada


Visit us at : www.worldpunjabitimes.com

Mob: 98772-46588, +1 (418) 887-0162

Epaper World Punjabi Times | 22 ਜਨਵਰੀ 2024 ਦਿਨ ਸੋਮਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਕੈਨੇਡਾ: ਐਬਸਫੋਰਡ ਵਿਚ ਗੋਲੀ ਚੱਲੀ, ਇਕ ਪੰਜਾਬੀ ਨੌਜਵਾਨ ਦੀ ਮੌਤ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ




ਸਰੀ, 22 ਜਨਵਰੀ : ਬੀਤੀ ਸ਼ਾਮ ਐਬਸਫੋਰਡ ਵਿਖੇ ਗੋਲੀਬਾਰੀ ਦੀ ਇਕ ਘਟਨਾ ਵਿਚ ਇਕਪੰਜਾਬੀ ਨੌਜਵਾਨ ਦੇ ਮਾਰੇ ਜਾਣ ਦਾ ਪਤਾ ਲੱਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਐਬਸਫੋਰਡ ਦੇ ਸੈਵਨ ਓਕ ਸ਼ਾਪਿੰਗ ਮਾਲ ਦੇ ਬਾਹਰ ਬੈਸਟ ਬਾਇ ਦੀ ਪਾਰਕਿੰਗ ਲੌਟ ਵਿਚ ਇਹ ਘਟਨਾ ਸ਼ਾਮ 5.51 ਵਜੇ ਦੇ ਕਰੀਬ ਵਾਪਰੀ।

ਐਬਸਫੋਰਡ ਪੁਲਿਸ ਵਿਭਾਗ ਦੇ ਮੀਡੀਆ ਅਧਿਕਾਰੀ ਆਰਟ ਸਟੀਲ ਨੇ ਦੱਸਿਆ ਕਿ ਇਸ ਘਟਨਾ ਦੀ ਖਬਰ ਮਿਲਦਿਆਂ ਹੀ ਪੁਲਿਸ ਅਫਸਰ ਮੌਕੇ 'ਤੇ ਪਹੁੰਚੇ ਅਤੇ ਉੱਥੇ ਇਕ ਨੌਜਵਾਨ ਗੋਲੀਆਂ ਨਾਲ ਜ਼ਖ਼ਮੀ ਹਾਲਤ ਵਿਚ ਮਿਲਿਆ ਜੋ ਮੁੱਢਲੀ ਸਹਾਇਤਾ ਤੋਂ ਪਹਿਲਾਂ ਹੀ ਉਹ ਦਮ ਤੋੜ ਗਿਆ। ਮਾਰੇ ਗਏ ਨੌਜਵਾਨ ਦੀ ਪਛਾਣ 25 ਸਾਲਾ ਅੰਮ੍ਰਿਤਪਾਲ ਸਰਾਂ ਦੱਸੀ ਗਈ ਹੈ। ਅੰਮ੍ਰਿਤਪਾਲ ਉਰਫ ਅੰਬਾ ਪੁਲਿਸ ਦੀ ਜਾਣਕਾਰੀ ਵਿਚ ਸੀ। ਉਸ ਨੂੰ ਪਾਬੰਦੀਸ਼ੁਦਾ ਹਥਿਆਰ ਰੱਖਣ ਅਤੇ ਚਲਾਉਣ ਦੇ ਦੋਸ਼ਾਂ ਤਹਿਤ ਚਾਰਜ ਕੀਤਾ ਗਿਆ ਸੀ।

## ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਵਿਚ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਕਵੀ ਦਰਬਾਰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 22 ਜਨਵਰੀ : ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ-ਡੈਲਟਾ ਵਿਖੇ ਸਾਹਿਬੇ ਕਮਾਲ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ ਕਵੀ ਦਰਬਾਰ ਕਰਵਾਇਆ ਗਿਆ। ਇਸ ਮੌਕੇ 'ਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ।

ਕੈਨੇਡਾ ਦੇ ਜੰਮਪਲ ਨੌਜਵਾਨ ਤੇ ਪੁੰਗਰਦੇ ਕਵੀਆਂ ਦੇ ਨਾਲ ਨਾਲ ਪ੍ਰਸਿੱਧ ਕਵੀਆਂ ਨੇ ਗੁਰੂ ਜੀ ਦੇ ਮਹਾਨ ਜੀਵਨ 'ਤੇ ਆਪਣੀਆਂ ਕਵਿਤਾਵਾਂ ਰਾਹੀਂ ਸ਼ਬਦਾਂ ਦੇ ਮੋਤੀਆਂ ਦੀਆਂ ਮਾਲਾਵਾਂ ਸੰਗਤਾਂ ਨੂੰ ਭੇਟਾ ਕੀਤੀਆਂ। ਇਸ ਕਵੀ ਦਰਬਾਰ ਵਿੱਚ ਪ੍ਰੋ. ਅਮਰੀਕ ਸਿੰਘ ਫੁੱਲ, ਬੀਬੀ ਮੰਨਤ ਕੌਰ, ਹਰਚੰਦ ਸਿੰਘ ਗਿੱਲ ਅੱਚਰਵਾਲ, ਬੀਬੀ ਜਸਲੀਨ ਕੌਰ, ਭਾਈ ਹਰਦਿਆਲ ਸਿੰਘ, ਬੀਬੀ ਇੰਦਰਪ੍ਰੀਤ ਕੌਰ, ਬੀਬੀ ਲਵਲੀਨ ਕੌਰ, ਮਨਪ੍ਰੀਤ ਸਿੰਘ, ਮਾਸਟਰ ਅਮਰੀਕ ਸਿੰਘ ਲੇਹਲ, ਗੁਰਮੀਤ ਸਿੰਘ ਕਾਲਕਟ ਅਤੇ ਕੁਲਵੀਰ ਸਿੰਘ ਸਹੋਤਾ ਡਾਨਸੀਵਾਲ ਨੇ ਹਾਜ਼ਰੀ ਲਵਾਈ। ਕਵੀ ਦਰਬਾਰ ਦਾ ਸੰਚਾਲਨ ਡਾ. ਗੁਰਵਿੰਦਰ ਸਿੰਘ ਧਾਲੀਵਾਲ ਨੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ।



ਅੰਤ ਵਿੱਚ ਕਵੀਆਂ ਨੂੰ ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਹਰਜੀਤ ਸਿੰਘ ਬੱਲ ਵੱਲੋਂ ਸਰਟੀਫਿਕੇਟ ਭੇਟ ਕੀਤੇ ਗਏ। ਭਾਈ ਗੁਰਮੀਤ ਸਿੰਘ ਤੂਰ ਨੇ ਗੁਰਦੁਆਰਾ ਸੰਸਥਾ ਵੱਲੋਂ ਵਿਸ਼ੇਸ਼ ਤੌਰ ਤੇ ਕਵੀ ਸਾਹਿਬਾਨ ਦਾ ਧੰਨਵਾਦ ਕੀਤਾ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਵੱਲੋਂ ਅੱਜ ਦਾ ਟਰੈਕਟਰ ਰੋਸ ਮਾਰਚ ਕੀਤਾ ਮੁਲਤਵੀ 1ਫਰਵਰੀ ਤੋਂ 7ਫਰਵਰੀ ਤੱਕ ਪਿੰਡ ਪੱਧਰ ਤੱਕ ਟਰੈਕਟਰ ਮਾਰਚ ਕੀਤਾ ਜਾਵੇਗਾ ਸਿੱਧਵਾਂ, ਮਾਣੋਚਾਹਲ, ਸ਼ਕਰੀ

ਵਰਲਡ ਪੰਜਾਬੀ ਟਾਈਮਜ਼




ਤਰਨਤਾਰਨ 22 ਜਨਵਰੀ: ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਵਿੱਚ ਪਿੰਡ ਪੱਧਰ ਮਾਰਚ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ ਅਤੇ ਸੂਬਾ ਅਤੇ ਜ਼ਿਲ੍ਹਾ ਆਗੂ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਵਿੱਚ ਹੋਣਾ ਸੀ। ਉਸ ਨੂੰ ਕੁਝ ਕਾਰਨਾਂ ਕਰਕੇ ਮੁਲਤਵੀ ਕੀਤਾ ਜਾਂਦਾ ਹੈ । ਅੱਗੇ ਪ੍ਰੈੱਸ ਨੂੰ ਜਾਣਕਾਰੀ ਦੇਂਦਿਆਂ ਰਣਯੋਧ ਸਿੰਘ ਗੱਗੋਬੂਹਾ, ਨਵਤੇਜ ਸਿੰਘ ਏਕਲਗੱਡਾ ਨੇ ਕਿਹਾ ਕਿ ਅੱਜ ਟਰੈਕਟਰ ਮਾਰਚ ਨੂੰ ਮੁਲਤਵੀ ਕੀਤਾ ਜਾਂਦਾ ਹੈ। ਤੇ ਆਉਣ ਵਾਲੇ ਸਮੇਂ ਵਿੱਚ 1ਫਰਵਰੀ ਤੋਂ ਲੈਕੇ 7ਫਰਵਰੀ ਤੱਕ ਸਾਰੇ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੱਧਰੀ ਜੋਨ ਪੱਧਰੀ ਪਿੰਡ ਪੱਧਰੀ ਟਰੈਕਟਰ ਰੋਸ ਮਾਰਚ ਕੀਤਾ ਜਾਵੇਗਾ। ਜ਼ਿਲ੍ਹਾ ਆਗੂ ਜਰਨੈਲ ਸਿੰਘ ਨੂਰਦੀ,ਦਿਆਲ ਸਿੰਘ ਮੀਆਵਿੰਡ, ਰੇਸ਼ਮ ਸਿੰਘ ਘੁਰਕਵਿੰਡ ਨੇ ਕਿਹਾ ਕਿ ਆਪਣੇ ਹੱਕੀ ਮੰਗਾਂ ਨੂੰ ਲੈਕੇ ਦਿੱਲੀ ਕੂਚ ਲਈ ਪਿੰਡੋ ਪਿੰਡੀ ਟਰੈਕਟਰ ਮਾਰਚ ਕੀਤਾ ਜਾਵੇਗਾ। ਜਿਸ ਵਿੱਚ ਹਜ਼ਾਰਾਂ ਬੀਬੀਆਂ, ਨੋਜਵਾਨ, ਕਿਸਾਨ, ਮਜ਼ਦੂਰ ਸ਼ਾਮਲ ਹੋਣ ਗੇ। ਲੋਕਾਂ ਨੂੰ ਟਰੈਕਟਰ ਮਾਰਚ ਰਾਹੀਂ ਦਿੱਲੀ ਕੂਚ ਲਈ ਸੁਨੇਹਾ ਦਿੱਤਾ ਜਾਵੇਗਾ। ਜ਼ਿਲ੍ਹਾ ਆਗੂ ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੱਦੀ, ਬਲਵਿੰਦਰ ਸਿੰਘ ਚੋਹਲਾ ਸਾਹਿਬ ਨੇ ਸਾਰੇ ਪੰਜਾਬੀਆਂ ਅਤੇ ਦੇਸ਼ ਵਾਸੀਆਂ ਨੂੰ ਐਮ ਐਸ ਪੀ ਗਰੰਟੀ ਕਨੂੰਨ ਬਣਵਾਉਣ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਫ਼ਸਲਾਂ ਦੇ ਭਾਅ ਲੈਣ, ਕਿਸਾਨਾਂ ਮਜਦੂਰਾਂ ਦੀ ਕੁਲ ਕਰਜ਼ਾ ਮੁਕਤੀ, ਫ਼ਸਲੀ ਬੀਮਾ ਯੋਜਨਾ ਲਾਗੂ ਕਰਵਾਉਣ, ਕਿਸਾਨ ਮਜਦੂਰ ਲਈ ਪੈਨਸ਼ਨ ਸਕੀਮ, ਲਖੀਮਪੁਰ ਖੀਰੀ ਕਤਲਕਾਂਡ ਦਾ ਇੰਨਸਾਫ਼ ਲੈਣ, 2020 ਬਿਜਲੀ ਸੋਧ ਬਿੱਲ ਰੱਦ ਕਰਵਾਉਣ ਸਮੇਤ ਹੋਰ ਅਹਿਮ ਮੰਗਾਂ ਨੂੰ ਪੂਰਾ ਕਰਵਾਉਣ ਲਈ ਹੋਣ ਜਾ ਰਹੇ ਇਸ ਅੰਦੋਲਨ ਦਾ ਵੱਧ ਚੜ੍ਹ ਕੇ ਸਾਥ ਦੇਣ ਦੀ ਅਪੀਲ ਕੀਤੀ

## ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਵਿਧਾਇਕ ਦੀ ਰਿਹਾਇਸ਼ ਮੂਹਰੇ ਦਿੱਤਾ ਰੋਸ ਧਰਨਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 22 ਜਨਵਰੀ: ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਫਰੰਟ ਵਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਸਖ਼ਤ ਠੰਡ ਦੇ ਬਾਵਜੂਦ ਸੈਂਕੜੇ ਮੁਲਾਜ਼ਮ ਅਤੇ ਪੈਨਸ਼ਨਰਾਂ ਨੇ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਰਿਹਾਇਸ਼ ਅੱਗੇ ਰੋਸ ਧਰਨਾ ਦਿੱਤਾ। ਧਰਨੇ ਨੂੰ ਅਸ਼ੋਕ ਕੌਸ਼ਲ, ਸੁਖਵਿੰਦਰ ਸਿੰਘ ਸੁੱਖੀ, ਜਤਿੰਦਰ ਕੁਮਾਰ, ਬਲਬੀਰ ਸਿੰਘ ਸਿਵੀਆਂ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਸੁਖਮੰਦਰ ਸਿੰਘ, ਹਰਵਿੰਦਰ ਸ਼ਰਮਾ, ਰਮੇਸ਼ ਕੌਸ਼ਲ ਆਦਿ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਚੋਣਾਂ ਸਮੇਂ ਮੁਲਾਜ਼ਮਾਂ ਨਾਲ ਕੀਤੇ ਸਾਰੇ ਵਾਅਦੇ ਭੁੱਲ ਗਈ ਹੈ। ਅੱਜ ਵੱਖ-ਵੱਖ ਵਿਭਾਗਾਂ 'ਚ ਕੰਮ ਕਰਦੇ ਹਜ਼ਾਰਾਂ ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਬਜਾਏ ਨਿਗੁਣੀਆਂ ਤਨਖ਼ਾਹਾਂ 'ਤੇ ਉਹਨਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਸਰਕਾਰ ਟਾਲ-ਮਟੋਲ ਕਰਕੇ ਮੋਦੀ ਸਰਕਾਰ ਦੇ ਰਸਤੇ 'ਤੇ ਚੱਲ ਰਹੀ ਹੈ, ਜਦਕਿ ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ 'ਚ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਗਈ ਹੈ। ਮਾਣਭੱਤੇ ਜਾਂ ਮਾਮੂਲੀ ਇੰਸੈਂਟਿਵ 'ਤੇ ਕੰਮ ਕਰ ਰਹੀਆਂ ਹਜ਼ਾਰਾਂ ਆਸ਼ਾ, ਆਂਗਨਵਾੜੀ ਅਤੇ ਮਿਡ-ਡੇ-ਮੀਲ ਕੁੱਕ ਬੀਬੀਆਂ ਨੂੰ 'ਘੱਟ ਤੋਂ ਘੱਟ ਉਜਰਤਾਂ ਕਾਨੂੰਨ' ਤਹਿਤ 26,000 ਰੁਪਏ ਮਹੀਨਾ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਨੇ ਮੁਲਾਜ਼ਮਾਂ ਦੇ ਧਰਨੇ 'ਚ ਆ ਕੇ ਸਰਕਾਰ ਤੱਕ ਮੁਲਾਜ਼ਮਾਂ ਦੀ ਅਵਾਜ ਪਹੁੰਚਾਉਣ ਦਾ ਭਰੋਸਾ ਦਿੱਤਾ। ਇਕ ਮਤਾ ਪਾਸ ਕਰਕੇ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ 10 ਕੇਂਦਰੀ ਟਰੇਡ ਯੂਨੀਅਨਾਂ ਨੇ ਉੱਤਰੀ ਭਾਰਤ ਦੇ 500 ਜਿਲਿਆਂ 'ਚ ਕੀਤੇ ਜਾ ਰਹੇ ਟਰੈਕਟਰ ਮਾਰਚ ਦਾ ਸਮਰਥਨ ਕਰਦਿਆਂ 11:00 ਵਜੇ ਨਵੀਂ ਦਾਣਾ ਮੰਡੀ ਵਿੱਚ ਪਹੁੰਚਣ ਦਾ ਐਲਾਨ ਕੀਤਾ।



## ਪੱਤਰਕਾਰ ਗੁਰਪ੍ਰੀਤ ਸਿੰਘ ਦੀ ਕਿਤਾਬ '1984 : ਜਦੋਂ ਉਹ ਸਿੱਖਾਂ ਲਈ ਆਏ' ਦਾ ਰਿਲੀਜ਼ ਸਮਾਗਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 22 ਜਨਵਰੀ : ਪੱਤਰਕਾਰ ਅਤੇ ਲੇਖਕ ਗੁਰਪ੍ਰੀਤ ਸਿੰਘ ਦੀ ਨਵੀਂ ਕਿਤਾਬ '1984 : ਜਦੋਂ ਉਹ ਸਿੱਖਾਂ ਲਈ ਆਏ' ਰਿਲੀਜ਼ ਕਰਨ ਹਿਤ ਬੀਤੇ ਦਿਨੀਂ ਸਟਰਾਅ ਬੇਰੀ ਹਿੱਲ ਲਾਇਬਰੇਰੀ ਸਰੀ ਵਿਖੇ ਸਮਾਗਮ ਕੀਤਾ ਗਿਆ। ਸਮਾਗਮ ਦੇ ਆਰੰਭ ਵਿੱਚ ਪ੍ਰੋਗਰਾਮ ਦੇ ਸੰਚਾਲਕ ਡਾ. ਗੁਰਵਿੰਦਰ ਸਿੰਘ ਧਾਲੀਵਾਲ ਦੇ ਸੱਦੇ 'ਤੇ, ਕੈਨੇਡਾ ਦੇ ਮੋਢੀ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ) ਨੂੰ ਯਾਦ ਕਰਦਿਆਂ ਇੱਕ ਮਿੰਟ ਦਾ ਮੌਨ ਧਾਰਨ ਕਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਗਮ ਦੀ ਪਹਿਲੇ ਬੁਲਾਰੇ ਜੈਨੇਫਰ ਸ਼ੈਰਫ ਨੇ ਮੂਲ ਵਾਸੀਆਂ ਦੀ ਧਰਤੀ 'ਤੇ ਵਿਚਾਰ ਚਰਚਾ ਦੀ ਸ਼ੁਰੂਆਤ ਕੀਤੀ। ਸਮਾਗਮ ਦੀ ਵਿਲੱਖਣਤਾ ਇਹ ਸੀ ਕਿ ਲੇਖਕ ਗੁਰਪ੍ਰੀਤ ਸਿੰਘ ਦੀ ਹੋਣਹਾਰ ਧੀ ਸ਼ਾਇਸਤਾ ਸਿੰਘ ਦੇ 16ਵੇਂ ਜਨਮ ਦਿਨ 'ਤੇ, ਉਸ ਵੱਲੋਂ ਰਿਲੀਜ਼ ਕਰਾਈ ਗਈ। ਇਸ ਸਮਾਗਮ ਰਾਹੀਂ ਇਹ ਨਵੀਂ ਪਿਰਤ ਪਈ ਕਿ ਧੀਆਂ-ਪੁੱਤਾਂ ਦੇ ਜਨਮ ਦਿਨਾਂ ਨੂੰ ਕਿਤਾਬਾਂ ਦੀਆਂ ਸੌਗਾਤਾਂ ਰਾਹੀਂ ਮਨਾਇਆ ਜਾਵੇ।



ਬੁਲਾਰਿਆਂ ਵਿੱਚ ਪੁਸਤਕ ਦੇ ਲੇਖਕ ਗੁਰਪ੍ਰੀਤ ਸਿੰਘ, ਚਿੱਤਰਕਾਰ ਜਰਨੈਲ ਸਿੰਘ, ਇਮਤਿਆਜ਼ ਪੋਪਟ, ਹਰਪ੍ਰੀਤ ਸਿੰਘ ਸੇਖਾ, ਸੁਨੀਲ ਕੁਮਾਰ, ਜਗਤਾਰ ਸਿੰਘ ਸੰਧੂ, ਕੁਲਵਿੰਦਰ ਸਿੰਘ ਢਿੱਲੋ, ਕਵਲਜੀਤ ਸਿੰਘ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਸੰਬੋਧਨ ਕਰਦਿਆਂ ਮੌਜੂਦਾ ਸਮੇਂ ਦੀਆਂ ਚੁਣੌਤੀਆਂ ਅਤੇ ਹਕੂਮਤਾਂ ਦੀਆਂ ਧੱਕੇਸ਼ਾਹੀਆਂ ਤੋਂ ਇਲਾਵਾ, ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨ ਬਾਰੇ ਖੁੱਲ੍ਹੀ ਚਰਚਾ ਕੀਤੀ।ਅੰਤ ਵਿੱਚ ਕੈਨੇਡਾ ਬੀਸੀ ਦੀ ਵਿੱਦਿਆ ਮੰਤਰੀ ਰਚਨਾ ਸਿੰਘ ਨੇ ਸਮਾਗਮ ਵਿੱਚ ਸ਼ਾਮਿਲ ਸਭਨਾਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਅਤੇ ਕਿਤਾਬ ਨਾਲ ਤੇ ਲੇਖਕ ਜੁੜੀਆਂ ਕੁਝ ਯਾਦਾਂ ਸਾਂਝੀਆਂ ਕੀਤੀਆਂ। ਜ਼ਿਕਰਯੋਗ ਹੈ ਕਿ ਇਹ ਕਿਤਾਬ ਅੰਗਰੇਜ਼ੀ ਵਿੱਚ ਗੁਰਪ੍ਰੀਤ ਸਿੰਘ ਵੱਲੋਂ ਲਿਖੀ ਗਈ ਹੈ, ਜਿਸ ਦਾ ਪੰਜਾਬੀ ਅਨੁਵਾਦ ਬੂਟਾ ਸਿੰਘ ਮਹਿਮੂਦਪੁਰ ਨੇ ਕੀਤਾ ਹੈ ਅਤੇ ਕਿਤਾਬ ਵਿਚਲੀਆਂ ਪੇਂਟਿੰਗਜ਼ ਜਰਨੈਲ ਸਿੰਘ ਚਿੱਤਰਕਾਰ ਵੱਲੋਂ ਤਿਆਰ ਕੀਤੀਆਂ ਗਈਆਂ ਹਨ।ਪੁਸਤਕ ਰਿਲੀਜ਼ ਮੌਕੇ ਗੁਰਪ੍ਰੀਤ ਸਿੰਘ ਅਤੇ ਰੈਡੀਕਲ ਦੇਸੀ ਵੱਲੋਂ ਏਅਰ ਇੰਡੀਆ ਬੰਬ ਧਮਾਕੇ ਦੀ ਮੁੜ ਜਾਂਚ ਲਈ ਤਿਆਰ ਕੀਤੀ ਗਈ ਪਟੀਸ਼ਨ ਨੂੰ ਸਰੋਤਿਆਂ ਅਤੇ ਪਾਠਕਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ।

## ਸਾਲਾਨਾ ਵਾਤਾਵਰਨ ਐਵਾਰਡ ਦੀ ਆਖਰੀ ਮਿਤੀ ਵਿੱਚ ਹੋਇਆ ਵਾਧਾ

### ਹੁਣ ਨਾਮਜ਼ਦਗੀਆਂ ਭੇਜਣ ਦੀ ਆਖਰੀ ਮਿਤੀ 28 ਫ਼ਰਵਰੀ ਹੋਈ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ



ਫ਼ਰੀਦਕੋਟ 22 ਜਨਵਰੀ : ਪੰਜਾਬ ਸਰਕਾਰ ਵਲੋਂ ਸ਼ਹੀਦ ਭਗਤ ਸਿੰਘ ਪੰਜਾਬ ਰਾਜ ਸਾਲਾਨਾ ਵਾਤਾਵਰਨ ਐਵਾਰਡ ਲਈ ਹੁਣ ਨਾਮਜ਼ਦਗੀਆਂ ਭੇਜਣ ਦੀ ਆਖਰੀ ਮਿਤੀ 28 ਫ਼ਰਵਰੀ ਹੋ ਗਈ ਹੈ। ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਨ ਅਤੇ ਮੌਸਮ ਬਦਲਾਅ ਡਾਇਰੈਕਟੋਰੇਟ ਪੰਜਾਬ ਸਰਕਾਰ ਵਲੋਂ ਡਿਪਟੀ ਕਮਿਸ਼ਨਰ ਨੂੰ ਪ੍ਰਾਪਤ ਲਿਖਤੀ ਹਦਾਇਤਾਂ ਅਨੁਸਾਰ ਸਾਲ 2024 ਦੌਰਾਨ ਦਿੱਤੇ ਜਾਣ ਵਾਲੇ ਇਨ੍ਹਾਂ ਐਵਾਰਡਾਂ ਲਈ ਨਾਮਜ਼ਦਗੀਆਂ ਨਿਰਧਾਰਿਤ ਪ੍ਰੋਫ਼ਾਰਮੇ ਅਤੇ ਦਸਤਾਵੇਜਾਂ ਸਹਿਤ ਮਿਤੀ 31 ਦਸੰਬਰ 2023 ਤੱਕ ਭੇਜਣ ਲਈ ਲਿਖਿਆ ਗਿਆ ਸੀ ਪਰੰਤੂ ਇਹ ਨਾਮਜ਼ਦਗੀਆਂ ਕੁਝ ਜ਼ਿਲ੍ਹਿਆਂ ਤੋਂ ਹੀ ਪ੍ਰਾਪਤ ਹੋ ਸਕੀਆਂ।

ਇਸ ਸਬੰਧੀ ਚਿੱਠੀ ਵਿੱਚ ਦਰਜ ਵੇਰਵਿਆਂ ਅਨੁਸਾਰ ਇਹ ਨਾਮਜ਼ਦਗੀਆਂ ਪਿੰਡ ਦੀ ਪੰਚਾਇਤ, ਸਰਕਾਰੀ/ਪ੍ਰਾਈਵੇਟ ਅਦਾਰੇ, ਵਿੱਦਿਅਕ ਸੰਸਥਾਵਾਂ ਜਿਵੇਂ ਕਿ ਸਕੂਲ, ਕਾਲਜ, ਯੂਨੀਵਰਸਿਟੀ, ਗੈਰ ਸਰਕਾਰ ਸੰਸਥਾ(ਐਨ.ਜੀ.ਓ)/ਸਮਾਜਿਕ ਸੰਸਥਾ ਅਤੇ ਉਦਯੋਗਿਕ ਅਦਾਰਿਆਂ ਤੋਂ ਮੰਗੀਆਂ ਗਈਆਂ ਸਨ। ਇਨ੍ਹਾਂ ਨਾਮਜ਼ਦਗੀਆਂ ਵਿੱਚੋਂ ਚੁਣਵੀਆਂ ਅਰਜ਼ੀਆਂ ਦੀ ਸ਼ਨਾਖਤ ਕਰਕੇ ਦਫ਼ਤਰ ਡਿਪਟੀ ਕਮਿਸ਼ਨਰ ਵਲੋਂ ਲਿਸਟ ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਨ ਅਤੇ ਮੌਸਮ ਬਦਲਾਅ ਡਾਇਰੈਕਟੋਰੇਟ ਪੰਜਾਬ ਸਰਕਾਰ ਦੇ ਚੰਡੀਗੜ੍ਹ ਦਫ਼ਤਰ ਵਿਖੇ 28 ਫ਼ਰਵਰੀ ਤੱਕ ਨਿਰਧਾਰਿਤ ਪ੍ਰੋਫ਼ਾਰਮੇ ਵਿੱਚ ਭੇਜੀਆਂ ਜਾ ਸਕਦੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਯਾਦ ਵਿੱਚ ਹਰ ਸਾਲ ਇਹ ਐਵਾਰਡ ਵਿਸ਼ਵ ਵਾਤਾਵਰਨ ਦਿਵਸ 5 ਜੂਨ ਨੂੰ ਉਨ੍ਹਾਂ ਲੋਕਾਂ ਨੂੰ ਦਿੱਤੇ ਜਾਂਦੇ ਹਨ ਜਿਨ੍ਹਾਂ ਨੇ ਵਾਤਾਵਰਨ,ਮਿੱਟੀ ਸੰਭਾਲ ਅਤੇ ਕੁਦਰਤੀ ਸਰੋਤਾਂ ਨੂੰ ਬਚਾਉਣ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੋਵੇ। ਇਨ੍ਹਾਂ ਉਪਰਾਲਿਆਂ ਵਿੱਚ ਪਰਾਲੀ ਨੂੰ ਅੱਗ ਨਾ ਲਗਾ ਕੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਜਿਹੇ ਕੰਮ ਸ਼ਾਮਿਲ ਹੁੰਦੇ ਹਨ।

ਇਸ ਐਵਾਰਡ ਤਹਿਤ ਦਿੱਤੇ ਜਾਣ ਵਾਲੇ ਇਨਾਮ ਸਬੰਧੀ ਵੇਰਵਿਆਂ ਦੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ

## ਸਮਾਜਸੇਵੀ ਅਸ਼ਵਨੀ ਬਾਂਸਲ ਨੇ ਸਰਕਾਰੀ ਮਿਡਲ ਸਕੂਲ ਦੇ ਬੱਚਿਆਂ ਨੂੰ ਦਿੱਤੇ ਬਲੇਜ਼ਰ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 22 ਜਨਵਰੀ: ਸਰਕਾਰੀ ਮਿਡਲ ਸਕੂਲ ਪੱਕਾ ਦੇ ਸਕੂਲ ਮੁਖੀ ਜਸਬੀਰ ਸਿੰਘ ਜੱਸੀ ਦੀ ਬੇਨਤੀ 'ਤੇ ਪ੍ਰਸਿੱਧ ਕਾਰੋਬਾਰੀ ਅਤੇ ਸਮਾਜ ਸੇਵੀ ਅਸ਼ਵਨੀ ਬਾਂਸਲ ਨੇ ਸਰਕਾਰੀ ਮਿਡਲ ਸਕੂਲ ਪੱਕਾ ਦੇ 122 ਵਿਦਿਆਰਥੀਆ ਨੂੰ ਕੜਾਕੇ ਦੀ ਸਰਦੀ ਦੌਰਾਨ ਠੰਡ ਤੋਂ ਬਚਾਉਣ ਵਾਸਤੇ ਬਲੇਜ਼ਰ ਲੈ ਕੇ ਦਿੱਤੇ। ਵਿਦਿਆਰਥੀਆਂ ਨੂੰ ਬਲੇਜ਼ਰ ਦੇਣ ਲਈ ਅਸ਼ਵਨੀ ਬਾਂਸਲ ਸਕੂਲ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਨਾਲ ਵਿਜੈ ਕੁਮਾਰ ਵੀ ਹਾਜ਼ਰ ਸਨ। ਇਸ ਮੌਕੇ ਸਮਾਜਸੇਵੀ ਅਸ਼ਵਨੀ ਬਾਂਸਲ ਨੇ ਵਿਦਿਆਰਥੀਆਂ ਨੂੰ ਜੀਵਨ 'ਚ ਸਖ਼ਤ ਮਿਹਨਤ ਕਰਨ, ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਵਾਸਤੇ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ ਹਰ ਇਨਸਾਨ ਲਈ ਜ਼ਿੰਦਗੀ 'ਚ ਸਫ਼ਲਤਾ ਦੇ ਦਰਵਾਜ਼ੇ ਖੋਲਦੀ ਹੈ। ਇਸ ਲਈ ਸਾਨੂੰ ਜੀਵਨ 'ਚ ਸਫ਼ਲਤਾ ਪਾਪਤ ਕਰਨ ਵਾਸਤੇ ਹਮੇਸ਼ਾ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ। ਇਸ ਮੌਕੇ ਸਕੂਲ ਮੁਖੀ ਜਸਬੀਰ ਸਿੰਘ ਜੱਸੀ ਨੇ ਉਨ੍ਹਾਂ ਨੂੰ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਜੀ ਆਇਆਂ ਆਖਿਆ। ਧੰਨਵਾਦ ਕਰਨ ਦੀ ਰਸਮ ਸਕੂਲ ਦੇ ਹਿੰਦੀ ਮਾਸਟਰ ਵਿਕਾਸ ਅਰੋੜਾ ਨੇ ਅਦਾ ਕੀਤੀ। ਇਸ ਮੌਕੇ ਇਸ ਮੌਕੇ ਸਕੂਲ ਸਟਾਫ਼ 'ਚੋਂ ਸਾਇੰਸ ਅਧਿਆਪਕਾ ਕਵਿਤਾ ਚਾਵਲਾ, ਪ੍ਰਵੀਨ ਲਤਾ, ਐਸ.ਐਸ.ਮਾਸਟਰ ਸੁਦੇਸ਼ ਸ਼ਰਮਾ, ਐਸ.ਐਸ. ਮਿਸਟ੍ਰੈਸ ਜਸਵਿੰਦਰ ਕੌਰ ਹਾਜ਼ਰ ਸਨ। ਸਮਾਗਮ ਦੇ ਅੰਤ 'ਚ ਸਕੂਲ ਸਟਾਫ਼ ਵੱਲੋਂ ਇਸ ਨੇਕ ਕਾਰਜ ਲਈ ਸਮਾਜ ਸੇਵੀ ਅਸ਼ਵਨੀ ਬਾਂਸਲ ਦਾ ਸਨਮਾਨ ਕੀਤਾ ਗਿਆ।




## ਦਿ ਰੌਇਲ ਗਲੋਬਲ ਸਕੂਲ ਵਿੱਚ ਕਰਵਾਇਆ ਗਿਆ ਤੀਸਰਾ ਸਕਾਲਰਸ਼ਿਪ ਟੈਸਟ

ਵਰਲਡ ਪੰਜਾਬੀ ਟਾਈਮਜ਼ ਹਰਦੇਵ ਚੌਹਾਨ

ਚੰਡੀਗੜ੍ਹ, 22 ਜਨਵਰੀ : ਦਿ ਰੌਇਲ ਗਲੋਬਲ ਸਕੂਲ ਖਿਆਲਾ ਕਲਾਂ, ਭੀਖੀ ਮਾਨਸਾ ਵਿਖੇ ਤੀਸਰਾ ਰੌਇਲ ਸਕਾਲਰਸ਼ਿਪ ਟੈਸਟ ਲਿਆ ਗਿਆ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਯੋਗਿਤਾ ਭਾਟੀਆ ਨੇ ਇਸ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਦਿ ਰੌਇਲ ਗਲੋਬਲ ਸਕੂਲ ਵਿੱਚ ਬਹੁਤ ਸਾਰੇ ਬੱਚੇ ਸਕਾਲਰਸ਼ਿਪ ਹਾਸਿਲ ਕਰਕੇ ਪੜ੍ਹਾਈ ਕਰ ਰਹੇ ਹਨ ਤੇ ਆਪਣੇ ਭਵਿੱਖ ਲਈ ਇਕ ਚੰਗਾ ਸਕੂਲ ਚੁਣ ਕੇ ਅੱਗੇ ਵੱਧ ਰਹੇ ਹਨ, ਜੋ ਬੱਚਿਆਂ ਦੇ ਮਾਪੇ ਪ੍ਰਾਈਵੇਟ ਸਕੂਲ ਦੀ ਫੀਸ ਨਹੀਂ ਭਰ ਸਕਦੇ, ਉਹਨਾਂ ਲਈ ਇਹ ਇਕ ਬਹੁਤ ਚੰਗਾ ਉਪਰਾਲਾ ਸਕੂਲ ਵਲੋਂ ਕੀਤਾ ਗਿਆ ਹੈ, ਜਿਥੇ ਬੱਚੇ ਸਕਾਲਰਸ਼ਿਪ ਹਾਸਲ ਕਰਦੇ ਹਨ। ਅਕਾਦਮਿਕ ਸੈਸ਼ਨ 2024-25 ਲਈ ਤੀਸਰਾ ਸਕਾਲਰਸ਼ਿਪ ਟੈਸਟ ਲਿਆ ਗਿਆ, ਜਿਸ ਵਿੱਚ ਲਗਭਗ 600 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਤੇ ਟੈਸਟ ਲਈ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਟੈਸਟ ਦਾ ਮਕਸਦ ਬੱਚਿਆਂ ਨੂੰ ਇਕ ਚੰਗਾ ਭੱਵਿਖ ਦੇਣਾ ਤੇ ਬੱਚਿਆਂ ਨੂੰ ਚੰਗੀ ਪੜ੍ਹਾਈ ਦੇਣਾ ਸੀ। ਸਕੂਲ ਦੇ ਚੇਅਰਮੈਨ ਏਕਮਜੀਤ ਸੋਹਲ ਨੇ ਸਕੂਲ ਸਟਾਫ਼ ਨੂੰ ਟੈਸਟ ਦੀ ਸਫ਼ਲਤਾ ਦੀ ਵਧਾਈ ਦਿੱਤੀ।

